ਸੂਹੀ ਮਹਲਾ ੪ ਘਰੁ ੬ ੴ ਸਤਿਗੁਰ ਪ੍ਰਸਾਦਿ ॥ ਨੀਚ ਜਾਤਿ ਹਰਿ ਜਪਤਿਆ ਉਤਮ ਪਦਵੀ ਪਾਇ ॥ ਪੂਛਹੁ ਬਿਦਰ ਦਾਸੀ ਸੁਤੈ ਕਿਸਨੁ ਉਤਰਿਆ ਘਰਿ ਜਿਸੁ ਜਾਇ ॥ ੧॥ ਹਰਿ ਕੀ ਅਕਥ ਕਥਾ ਸੁਨਹੁ ਜਨ ਭਾਈ ਜਿਤੁ ਸਹਸਾ ਦੂਖ ਭੂਖ ਸਭ ਲਹਿ ਜਾਇ ॥੧॥ ਰਹਾਉ ॥ ਰਵਿਦਾਸੁ ਚਮਾਰੁ ਉਸਤਤਿ ਕਰੇ ਹਰਿ ਕੀਰਤਿ ਨਿਮਖ ਇਕ ਗਾਇ ॥ ਪਤਿਤ ਜਾਤਿ ਉਤਮੁ ਭਇਆ ਚਾਰਿ ਵਰਨ ਪਏ ਪਗਿ ਆਇ ॥੨॥ ਨਾਮਦੇਅ ਪ੍ਰੀਤਿ ਲਗੀ ਹਰਿ ਸੇਤੀ ਲੋਕੁ ਛੀਪਾ ਕਹੈ ਬੁਲਾਇ ॥ ਖਤ੍ਰੀ ਬ੍ਰਾਹਮਣ ਪਿਠਿ ਦੇ ਛੋਡੇ ਹਰਿ ਨਾਮਦੇਉ ਲੀਆ ਮੁਖਿ ਲਾਇ ॥੩॥ ਜਿਤਨੇ ਭਗਤ ਹਰਿ ਸੇਵਕਾ ਮੁਖਿ ਅਠਸਠਿ ਤੀਰਥ ਤਿਨ ਤਿਲਕੁ ਕਢਾਇ ॥ ਜਨੁ ਨਾਨਕੁ ਤਿਨ ਕਉ ਅਨਦਿਨੁ ਪਰਸੇ ਜੇ ਕ੍ਰਿਪਾ ਕਰੇ ਹਰਿ ਰਾਇ ॥੪॥੧॥੮॥ {ਪੰਨਾ 733}

ਪਦਅਰਥ:- ਨੀਚ ਜਾਤਿ—ਨੀਵੀਂ ਜਾਤਿ ਵਾਲਾ ਮਨੁੱਖ। ਉਤਮ ਪਦਵੀ—ਉੱਚਾ ਆਤਮਕ ਦਰਜਾ। ਪਾਇ—ਪਾ ਲੈਂਦਾ ਹੈ। ਬਿਦਰ—ਬਿਦਰ ਭਗਤ ਰਾਜਾ ਵਿਚਿਤ੍ਰ-ਵੀਰਜ ਦੀ ਦਾਸੀ ਸੁਦੇਸ਼ਨਾ ਦੀ ਕੁੱਖੋਂ ਵਿਆਸ ਰਿਸ਼ੀ ਦਾ ਪੁੱਤਰ ਸੀ। ਇਸ ਦਾ ਭਗਤੀ-ਭਾਵ ਵੇਖ ਕੇ ਹੀ ਕ੍ਰਿਸ਼ਨ ਜੀ ਦੁਰਜੋਧਨ ਦੇ ਮਹਲ-ਮਾੜੀਆਂ ਛੱਡ ਕੇ ਬਿਦਰ ਦੇ ਘਰ ਆ ਕੇ ਠਹਿਰੇ ਸਨ (ਵੇਖੋ ਭਾ: ਗੁਰਦਾਸ ਜੀ ਵਾਰ 10}। ਘਰਿ ਜਿਸੁ—ਜਿਸ ਦੇ ਘਰ ਵਿਚ। ਜਾਇ—ਜਾ ਕੇ।1।

ਜਿਤੁ—ਜਿਸ (ਕਥਾ) ਦੀ ਰਾਹੀਂ। ਸਹਸਾ—ਸਹਿਮ।1। ਰਹਾਉ।

ਨਿਮਖ ਇਕ—ਇਕ ਇਕ ਨਿਮਖ, ਹਰ ਵੇਲੇ {inmy——ਅੱਖ ਝਮਕਣ ਜਿਤਨਾ ਸਮਾ}। ਕੀਰਤਿ—ਸਿਫ਼ਤਿ-ਸਾਲਾਹ। ਪਤਿਤ ਜਾਤਿ—ਨੀਵੀਂ ਜਾਤਿ ਵਾਲਾ। ਚਾਰਿ ਵਰਨ—ਬ੍ਰਾਹਮਣ, ਖਤ੍ਰੀ, ਵੈਸ਼, ਸ਼ੂਦਰ। ਪਗਿ—ਪੈਰ ਉੱਤੇ। ਆਇ—ਆ ਕੇ।2।

ਨਾਮਦੇਅ ਪ੍ਰੀਤਿ—ਨਾਮਦੇਵ ਦੀ ਪ੍ਰੀਤਿ {ਨਾਮਦੇਵ ਜੀ ਦਾ ਜਨਮ ਪਿੰਡ ਨਰਸੀ ਵਾਂਮਨੀ, ਜ਼ਿਲ੍ਹਾ ਸਤਾਰਾ, ਪ੍ਰਾਂਤ ਬੰਬਈ ਵਿਚ ਸੰਨ 1270 ਵਿਚ ਹੋਇਆ ਸੀ। ਉਮਰ ਦਾ ਬਹੁਤਾ ਹਿੱਸਾ ਇਹਨਾਂ ਨੇ ਪੰਡਰਪੁਰ ਵਿਚ ਗੁਜ਼ਾਰਿਆ। ਉਥੇ ਹੀ ਦੇਹਾਂਤ ਸੰਨ 1350 ਵਿਚ}। ਸੇਤੀ—ਨਾਲ। ਮੁਖਿ ਲਾਇ ਲੀਆ—ਦਰਸਨ ਦਿੱਤਾ, ਮੱਥੇ ਲਾਇਆ।3।

ਮੁਖਿ—ਮੂੰਹ ਉਤੇ। ਅਠਸਠਿ—ਅਠਾਹਠ। ਅਨਦਿਨੁ—{Anuidnwz} ਹਰ ਰੋਜ਼, ਹਰ ਵੇਲੇ। ਪਰਸੇ—ਛੁਹੇ। ਹਰਿ ਰਾਇ—ਪ੍ਰਭੂ-ਪਾਤਿਸ਼ਾਹ।4।

ਅਰਥ:- ਹੇ ਸੱਜਣੋ! ਪਰਮਾਤਮਾ ਦੀ ਅਸਚਰਜ ਸਿਫ਼ਤਿ-ਸਾਲਾਹ ਸੁਣਿਆ ਕਰੋ, ਜਿਸ ਦੀ ਬਰਕਤਿ ਨਾਲ ਹਰੇਕ ਕਿਸਮ ਦਾ ਸਹਿਮ ਹਰੇਕ ਦੁੱਖ ਦੂਰ ਹੋ ਜਾਂਦਾ ਹੈ, (ਮਾਇਆ ਦੀ) ਭੁੱਖ ਮਿਟ ਜਾਂਦੀ ਹੈ।1। ਰਹਾਉ।

ਹੇ ਭਾਈ! ਨੀਵੀਂ ਜਾਤਿ ਵਾਲਾ ਮਨੁੱਖ ਭੀ ਪਰਮਾਤਮਾ ਦਾ ਨਾਮ ਜਪਣ ਨਾਲ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ (ਜੇ ਯਕੀਨ ਨਹੀਂ ਆਉਂਦਾ, ਤਾਂ ਕਿਸੇ ਪਾਸੋਂ) ਦਾਸੀ ਦੇ ਪੁੱਤਰ ਬਿਦਰ ਦੀ ਗੱਲ ਪੁੱਛ ਵੇਖੋ। ਉਸ ਬਿਦਰ ਦੇ ਘਰ ਵਿਚ ਕ੍ਰਿਸ਼ਨ ਜੀ ਜਾ ਕੇ ਠਹਿਰੇ ਸਨ।1।

ਹੇ ਭਾਈ! (ਭਗਤ) ਰਵਿਦਾਸ (ਜਾਤਿ ਦਾ) ਚਮਾਰ (ਸੀ, ਉਹ ਪਰਮਾਤਮਾ ਦੀ) ਸਿਫ਼ਤਿ-ਸਾਲਾਹ ਕਰਦਾ ਸੀ, ਉਹ ਹਰ ਵੇਲੇ ਪ੍ਰਭੂ ਦੀ ਕੀਰਤੀ ਗਾਂਦਾ ਰਹਿੰਦਾ ਸੀ। ਨੀਵੀਂ ਜਾਤਿ ਦਾ ਰਵਿਦਾਸ ਮਹਾਂ ਪੁਰਖ ਬਣ ਗਿਆ। ਚੌਹਾਂ ਵਰਨਾਂ ਦੇ ਮਨੁੱਖ ਉਸ ਦੇ ਪੈਰੀਂ ਆ ਕੇ ਲੱਗ ਪਏ।2।

ਹੇ ਭਾਈ! (ਭਗਤ) ਨਾਮਦੇਵ ਦੀ ਪਰਮਾਤਮਾ ਨਾਲ ਪ੍ਰੀਤਿ ਬਣ ਗਈ। ਜਗਤ ਉਸ ਨੂੰ ਛੀਂਬਾ ਆਖ ਕੇ ਸੱਦਿਆ ਕਰਦਾ ਸੀ। ਪਰਮਾਤਮਾ ਨੇ ਖਤ੍ਰੀਆਂ ਬ੍ਰਾਹਮਣਾਂ ਨੂੰ ਪਿੱਠ ਦੇ ਦਿੱਤੀ, ਤੇ, ਨਾਮਦੇਵ ਨੂੰ ਮੱਥੇ ਲਾਇਆ ਸੀ।3।

ਹੇ ਭਾਈ! ਪਰਮਾਤਮਾ ਦੇ ਜਿਤਨੇ ਭੀ ਭਗਤ ਹਨ, ਸੇਵਕ ਹਨ, ਉਹਨਾਂ ਦੇ ਮੱਥੇ ਉਤੇ ਅਠਾਹਠ ਤੀਰਥ ਤਿਲਕ

ਲਾਂਦੇ ਹਨ (ਸਾਰੇ ਹੀ ਤੀਰਥ ਭੀ ਉਹਨਾਂ ਦਾ ਆਦਰ-ਮਾਣ ਕਰਦੇ ਹਨ)। ਹੇ ਭਾਈ! ਜੇ ਪ੍ਰਭੂ-ਪਾਤਿਸ਼ਾਹ ਮੇਹਰ ਕਰੇ, ਤਾਂ ਦਾਸ ਨਾਨਕ ਹਰ ਵੇਲੇ ਉਹਨਾਂ (ਭਗਤਾਂ ਸੇਵਕਾਂ) ਦੇ ਚਰਨ ਛੁੰਹਦਾ ਰਹੇ।4।1।8।

ਨੋਟ—'ਘਰੁ 2' ਦੇ ਸ਼ਬਦਾਂ ਦਾ ਸੰਗ੍ਰਹਿ ਖ਼ਤਮ ਹੋ ਗਿਆ ਹੈ। ਅਗਾਂਹ 'ਘਰੁ 6' ਦੇ ਸੰਗ੍ਰਹਿ ਦਾ ਇਹ ਪਹਿਲਾ ਸ਼ਬਦ ਹੈ। ਕੁੱਲ ਜੋੜ 8 ਹੈ।